# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ
# ਪ੍ਰੈਸ ਨੋਟ
## ਸ਼ਹਿਰ ਵਾਸੀਆਂ ਨੂੰ ਗਰਮੀ ਦੇ ਮੋਸਮ ਦੋਰਾਨ ਪੀਣ ਵਾਲੇ ਪਾਣੀ ਦੀ ਕੋਈ ਕਮੀ ਨਹੀ ਆਉਣ ਦਿੱਤੀ ਜਾਵੇਗੀ......... ਤਿਕਸ਼ਨ ਸੂਦ

ਹੁਸ਼ਿਆਰਪੁਰ 21 ਅਪ੍ਰੈਲ ਸ਼ਹਿਰ ਵਾਸੀਆਂ ਨੂੰ ਇਸ ਗਰਮੀ ਦੇ ਮੋਸਮ ਵਿੱਚ ਪੀਣ ਵਾਲੇ ਪਾਣੀ ਦੀ ਕੋਈ ਕਮੀ ਨਹੀ ਆਉਣ ਦਿੱਤੀ ਜਾਵੇਗੀ। ਇਹ ਜਾਣਕਾਰੀ ਮੁੱਖ ਮੰਤਰੀ ਪੰਜਾਬ ਦੇ ਰਾਜਨੀਤਿਕ ਸਲਾਹਕਾਰ ਤਿਕਸ਼ਨ ਸੂਦ ਨੇ ਬਹਾਦਰਪੁਰ ਵਿਖੇ 25 ਲੱਖ ਰੁਪਏ ਦੀ ਲਾਗਤ ਨਾਲ ਲਗੱਣ ਵਾਲੇ ਨਵੇਂ ਟਿਊਬਵੈਲ ਦੇ ਕੰਮ ਦੀ ਸ਼ੁਰੂਆਤ ਕਰਨ ਉਪਰੰਤ ਦਿੱਤੀ।ਡੇਰਾ ਬਾਬਾ ਚਰਨ ਸ਼ਾਹ ਬਹਾਦਰਪੁਰ ਦੇ ਮਹੰਤ ਰਵਿੰਦਰ ਦਾਸ, ਮੇਅਰ ਸ਼ਿਵ ਸੂਦ, ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੰਪਲਾਵਾਲਾ, ਡਿਪਟੀ ਮੇਅਰ ਸ਼ੁਕਲਾ ਸ਼ਰਮਾ ਵੀ ਇਸ ਮੋਕੇ ਤੇ ਉਹਨ੍ਹਾਂ ਦੇ ਨਾਲ ਸਨ।ਇਸ ਮਕੇ ਤੇ ਭਾਰੀ ਇਕੱਠ ਨੂੰ ਸਬੋਧਨ ਕਰਦਿਆਂ ਤਿਕਸ਼ਨ ਸੂਦ ਨੇ ਕਿਹਾ ਕਿ ਮੁਹੱਲਾ ਵਾਸੀਆਂ ਵੱਲੋਂ ਪੀਣ ਵਾਲੇ ਪਾਣੀ ਦੀ ਕਮੀ ਦੂਰ ਕਰਨ ਲਈ ਮੰਗ ਕੀਤੀ ਗਈ ਸੀ।ਜਿਸ ਤੇ ਗੋਰ ਕਰਦੇ ਹੋਏ ਅੱਜ ਨਵਾਂ ਟਿਊਬਵੇਲ ਲਗਾਉਣ ਦਾ ਕੰਮ ਸ਼ੁਰੂ ਕੀਤਾ ਗਿਆ ਹੈ ਇਸ ਦੇ ਚਾਲੂ ਹੋਣ ਨਾਲ ਬਹਾਦਰਪੁਰ ਨਿਵਾਸੀਆਂ ਨੂੰ ਪੀਣ ਵਾਲੇ ਪਾਣੀ ਦੀ ਕੋਈ ਕਮੀ ਨਹੀ ਰਹੇਗੀ। ਉਹਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਪੀਣ ਵਾਲੇ ਪਾਣੀ ਦਾ ਪਧੱਰ ਹੇਠਾਂ ਜਾ ਰਿਹਾ ਹੈ। ਜਿਸਨੂੰ ਵੇਖਦੇ ਹੋਏ ਲੋਕ ਪੀਣ ਵਾਲੇ ਪਾਣੀ ਦੀ ਵਰਤੋਂ ਸਜੰਮ ਨਾਲ ਕਰਨ। ਉਹਨ੍ਹਾਂ ਨੇ ਕਿਹਾ ਕਿ ਬਹਾਦਰਪੁਰ ਦੇ ਰਹਿੰਦੇ ਵਿਕਾਸ ਕਾਰਜਾਂ ਅਤੇ ਉਹਨ੍ਹਾਂ ਦੀਆਂ ਮੰਗਾਂ ਨੂੰ ਜਲਦ ਹੀ ਪੂਰਾ ਕੀਤਾ ਜਾਵੇਗਾ।

ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਇਸ ਮੋਕੇ ਤੇ ਨਗਰ ਨਿਗਮ ਵੱਲੋਂ ਵੱਖ ਵੱਖ ਵਾਰਡਾਂ ਵਿੱਚ ਕੀਤੇ ਜਾ ਰਹੇ ਵਿਕਾਸ ਕੰਮਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੰਦੇ ਦਸਿੱਆ ਕਿ ਸ਼ਹਿਰ ਦੀਆਂ ਸੜਕਾਂ ਅਤੇ ਗਲੀਆਂ ਵਿੱਚ ਪ੍ਰੀਮਿਕਸ ਪਾਉਣ ਦਾ ਕੰਮ ਜੰਗੀ ਪਧੱਰ ਤੇ ਕੀਤਾ ਜਾ ਰਿਹਾ ਹੈ। ਸ਼ਹਿਰ ਦੇ ਨਵੇਂ ਬਣੇ ਮੁਹਲਿਆਂ ਵਿੱਚ ਸੀਵਰੇਜ਼ ਅਤੇ ਵਾਟਰ ਸਪਲਾਈ ਦੀਆਂ ਪਾਈਪਾਂ ਪਾਈਆਂ ਜਾ ਰਹੀਆਂ ਹਨ। ਜਿਸ ਉਪਰੰਤ ਉਹਨ੍ਹਾਂ ਮੁਹੱਲਿਆਂ ਦੀਆਂ ਗਲੀਆਂ ਨੂੰ ਪੱਕਾ ਕੀਤਾ ਜਾਵੇਗਾ।ਉਹਨ੍ਹਾਂ ਨੇ ਦਸਿੱਆ ਕਿ ਗਰਮੀ ਦੇ ਮੋਸਮ ਵਿੱਚ ਪੀਣ ਵਾਲੇ ਪਾਣੀ ਦੀ ਵੱਧ ਰਹੀ ਮੰਗ ਨੂੰ ਦੇਖਦੇ ਹੋਏ ਸ਼ਹਿਰ ਦੇ ਸਾਰੇ ਟਿਊਬਵੈਲਾਂ ਨੂੰ ਚਲਾਉਣ ਦੇ ਸਮੇਂ ਵਿੱਚ ਵਾਧਾ ਕੀਤਾ ਗਿਆ ਹੈ।ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੰਪਲਾਵਾਲਾਂ , ਡਿਪਟੀ ਮੇਅਰ ਸ਼ੁਕਲਾ ਸ਼ਰਮਾ, ਜਿਲ੍ਹਾ ਪ੍ਰਧਾਨ ਅਨੰਦਵੀਰ ਸਿੰਘ ਨੇ ਵੀ ਇਸ ਮੋਕੇ ਤੇ ਆਪਣੇ ਵਿਚਾਰ ਪੇਸ਼ ਕੀਤੇ। ਕੋਸਲਰ ਰਮੇਸ਼ ਠਾਕੁਰ ਨੇ ਇਸ ਮੋਕੇ ਤੇ ਬਹਾਦਰਪੁਰ ਦੀਆਂ ਮੁਸ਼ਕਲਾਂ ਸਬੰਧੀ ਜਾਣਕਾਰੀ ਦਿੱਤੀ ਅਤੇ ਉਹਨ੍ਹਾਂ ਨੂੰ ਪੂਰਾ ਕਰਨ ਦੀ ਮੰਗ ਕੀਤੀ।

ਨਗਰ ਨਿਗਮ ਦੇ ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ, ਕਾਰਜਕਾਰੀ ਇੰਜੀਨੀਅਰ ਸਤੀਸ਼ ਸੈਣੀ, ਇਸਪੈਕਟਰ ਰਵਿੰਦਰ ਠਾਕੁਰ, ਜੇ.ਈ (ਮਕੈਨੀਕਲ) ਅਸ਼ਵਨੀ ਸ਼ਰਮਾ, ਜੇ.ਈ (ਇਲੈਕਟ੍ਰਿਕਲ) ਅਸ਼ਵਨੀ ਕੁਮਾਰ, ਉਪ ਚੇਅਰਮੈਨ ਮਾਰਕੀਟ ਕਮੇਟੀ ਵਿਜੇ ਪਠਾਨੀਆਂ, ਦਿਹਾਤੀ ਮੰਡਲ ਪ੍ਰਧਾਨ ਭਾਜਪਾ ਰਾਜ ਕੁਮਾਰ, ਕੋਸਲਰ ਨਿਪੁਨ ਸ਼ਰਮਾ, ਅਸ਼ੋਕ ਕੁਮਾਰ, ਵਿਨੋਦ ਪਰਮਾਰ, ਗੋਪਾਲ ਕ੍ਰਿਸ਼ਨ ਅਨੰਦ, ਅਤੁਲ ਸੂਦ ਪਿੰਕੀ, ਹਰੀਸ਼ ਐਰੀ, ਡੀ ਸੋਨੀ, ਰਾਮਦੇਵ ਯਾਦਵ, ਸ਼ਕਤੀ ਸ਼ਰਮਾ, ਅਸ਼ਵਨੀ ਵਿੰਗ, ਪਡਿੰਤ ਬ੍ਰਿਜ ਮੋਹਨ ਅਤੇ ਮੁਹੱਲਾ ਨਿਵਾਸੀ ਇਸ ਮੋਕੇ ਤੇ ਹਾਜਰ ਸਨ।